**ਸਿੰਗਾਪੁਰ ਗਣਰਾਜ ਦੇ ਰਾਸ਼ਟਰਪਤੀ ਦੀ ਭਾਰਤ ਦੀ ਰਾਜਕੀ ਯਾਤਰਾ (14-18 ਜਨਵਰੀ, 2025)**

16 ਜਨਵਰੀ, 2025

ਸਿੰਗਾਪੁਰ ਗਣਰਾਜ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਥਰਮਨ ਸ਼ਨਮੁਗਰਤਨਮ 14 ਤੋਂ 18 ਜਨਵਰੀ, 2025 ਤੱਕ ਭਾਰਤ ਦੀ ਰਾਜਕੀ ਯਾਤਰਾ 'ਤੇ ਰਹੇ। ਰਾਸ਼ਟਰਪਤੀ ਥਰਮਨ ਦੇ ਨਾਲ ਉਨ੍ਹਾਂ ਦੀ ਪਤਨੀ ਸ਼੍ਰੀਮਤੀ ਜੇਨ ਇਟੋਗੀ ਸ਼ਨਮੁਗਰਤਨਮ ਵੀ ਆਈ। ਉਹਨਾਂ ਨਾਲ ਵਫ਼ਦ ਵਿੱਚ ਆਵਾਜਾਈ ਮੰਤਰੀ ਅਤੇ ਦੂਜੇ ਵਿੱਤ ਮੰਤਰੀ ਸ਼੍ਰੀ ਚੀ ਹੋਂਗ ਟੈਟ, ਦੇਸ਼ ਦੇ ਸੀਨੀਅਰ ਮੰਤਰੀ, ਵਿਦੇਸ਼ ਮੰਤਰੀ ਅਤੇ ਰਾਸ਼ਟਰੀ ਵਿਕਾਸ ਮੰਤਰਾਲਾ ਦੀ ਸ਼੍ਰੀਮਤੀ ਸਿਮ ਐਨ, ਸਿੰਗਾਪੁਰ ਦੇ ਸੰਸਦ ਸਦੱਸ ਅਤੇ ਕਈ ਅਧਿਕਾਰੀ ਵੀ ਸ਼ਾਮਲ ਰਹੇ। ਇਹ ਰਾਸ਼ਟਰਪਤੀ ਥਰਮਨ ਦੀ ਭਾਰਤ ਦੀ ਪਹਿਲੀ ਰਾਜਕੀ ਯਾਤਰਾ ਰਹੀ।

2. ਰਾਸ਼ਟਰਪਤੀ ਥਰਮਨ ਦਾ ਮਾਣਯੋਗ ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਰਾਸ਼ਟਰਪਤੀ ਭਵਨ ਵਿਖੇ ਸਵਾਗਤ ਕੀਤਾ ਗਿਆ ਅਤੇ ਉਹਨਾਂ ਨੂੰ ਰਸਮੀ ਗਾਰਡ ਆਫ਼ ਆਨਰ ਦਿੱਤਾ ਗਿਆ। ਰਾਸ਼ਟਰਪਤੀ ਥਰਮਨ ਦੇ ਰਾਜਘਾਟ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕੀਤੀ।

3. ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰਪਤੀ ਥਰਮਨ ਨੇ ਨਾਲ ਵਾਰਤਾ ਕੀਤੀ, ਉਹਨਾਂ ਨੇ ਰਾਸ਼ਟਰਪਤੀ ਥਰਮਨ ਦੇ ਸਨਮਾਨ ਵਿੱਚ ਇੱਕ ਦਾਅਵਤ ਦੀ ਮੇਜ਼ਬਾਨੀ ਵੀ ਕੀਤੀ। ਦੋਵਾਂ ਰਾਸ਼ਟਰਪਤੀਆਂ ਨੇ ਭਾਰਤ-ਸਿੰਗਾਪੁਰ ਵਿਚਕਾਰ ਦੁਵੱਲੇ ਸਬੰਧਾਂ ਦੀ ਸਥਾਪਨਾ ਦੀ 60ਵੀਂ ਵਰ੍ਹੇਗੰਢ ਦੀ ਯਾਦ ਵਿੱਚ ਇੱਕ ਸਾਂਝੇ ਲੋਗੋ ਦਾ ਉਦਘਾਟਨ ਕੀਤਾ। ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਸਿੰਗਾਪੁਰ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ। ਇਸ ਬੈਠਕ ਦੌਰਾਨ ਦੋਹਾਂ ਲੀਡਰਾਂ ਨੇ ਦੁਵੱਲੇ ਸਬੰਧਾਂ ਦੀ ਵਿਆਪਕ ਸਮੀਖਿਆ ਕੀਤੀ ਅਤੇ ਭਾਰਤ-ਸਿੰਗਾਪੁਰ ਵਿਆਪਕ ਰਣਨੀਤਿਕ ਭਾਈਵਾਲੀ ਨੂੰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਵਿਚਾਰ-ਵਿਟਾਂਦਰਾ ਕੀਤਾ। ਉਨ੍ਹਾਂ ਨੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਗਲੋਬਲ ਮੁੱਦਿਆਂ ਬਾਰੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

4. ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਰਾਸ਼ਟਰਪਤੀ ਥਰਮਨ ਨਾਲ ਮੁਲਾਕਾਤ ਕੀਤੀ। ਇਸ ਤੋਂ ਇਲਾਵਾ, ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ਼੍ਰੀ ਨਿਤਿਨ ਗਡਕਰੀ; ਸਿਹਤ ਅਤੇ ਪਰਿਵਾਰ ਭਲਾਈ ਅਤੇ ਰਸਾਇਣ ਅਤੇ ਖਾਦ ਮੰਤਰੀ ਸ਼੍ਰੀ ਜਗਤ ਪ੍ਰਕਾਸ਼ ਨੱਡਾ; ਵਿੱਤ ਅਤੇ ਕਾਰਪੋਰੇਟ ਮਾਮਲਿਆਂ ਦੀ ਮੰਤਰੀ ਸ਼੍ਰੀਮਤੀ ਨਿਰਮਲਾ ਸੀਤਾਰਮਨ; ਵਣਜ ਅਤੇ ਉਦਯੋਗ ਮੰਤਰੀ ਸ਼੍ਰੀ ਪੀਯੂਸ਼ ਗੋਇਲ; ਰੇਲ, ਸੂਚਨਾ ਅਤੇ ਪ੍ਰਸਾਰਣ, ਅਤੇ ਇਲੈਕਟ੍ਰੋਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਸ਼੍ਰੀ ਅਸ਼ਵਿਨੀ ਵੈਸ਼ਨਵ; ਅਤੇ ਕੌਸ਼ਲ ਵਿਕਾਸ ਅਤੇ ਉੱਦਮਤਾ ਲਈ ਰਾਜ ਮੰਤਰੀ (ਸੁਤੰਤਰ ਚਾਰਜ) (MoS(IC)), ਅਤੇ ਸਿੱਖਿਆ ਲਈ ਰਾਜ ਮੰਤਰੀ (MoS) ਸ਼੍ਰੀ ਜਯੰਤ ਚੌਧਰੀ ਨੇ ਵੀ ਰਾਸ਼ਟਰਪਤੀ ਥਰਮਨ ਨਾਲ ਮੁਲਾਕਾਤ ਕੀਤੀ।

5. ਰਾਸ਼ਟਰਪਤੀ ਥਰਮਨ ਦੀ ਰਾਜਕੀ ਯਾਤਰਾ ਭਾਰਤ ਅਤੇ ਸਿੰਗਾਪੁਰ ਵਿਚਕਾਰ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੀ 60ਵੀਂ ਵਰ੍ਹੇਗੰਢ ਦੇ ਜਸ਼ਨਾਂ ਦੀ ਸ਼ੁਰੂਆਤ ਨੂੰ ਦਰਸਾਉਂਦੀ ਹੈ ਜੋ ਇੱਕ ਮਜ਼ਬੂਤ ਅਤੇ ਬਹੁ-ਪੱਖੀ ਸਾਂਝੇਦਾਰੀ ਵਿੱਚ ਵਿਕਸਿਤ ਹੋਏ ਹਨ।

6. ਸਿੰਗਾਪੁਰ ਦੇ ਰਾਸ਼ਟਰਪਤੀ 17-18 ਜਨਵਰੀ, 2025 ਦੌਰਾਨ ਓਡੀਸ਼ਾ ਦਾ ਦੌਰਾ ਕਰਨਗੇ।

7. ਸਿੰਗਾਪੁਰ ਭਾਰਤ ਦੀ 'ਐਕਟ ਈਸਟ' ਨੀਤੀ ਅਤੇ ਇੰਡੋ-ਪੈਸੀਫਿਕ ਬਾਰੇ ਸਾਡੇ ਦ੍ਰਿਸ਼ਟੀਕੋਣ ਦਾ ਮੁੱਖ ਥੰਮ੍ਹ ਹੈ। ਇਹ ਯਾਤਰਾ ਭਾਰਤ-ਸਿੰਗਾਪੁਰ ਦੁਵੱਲੇ ਸਬੰਧਾਂ ਦੇ ਕਾਰਜਕ੍ਰਮਾਂ ਤੋਂ ਭਰੇ ਇੱਕ ਸਾਲ ਤੋਂ ਬਾਅਦ ਹੋਈ ਹੈ, ਜਿਸਦੀ ਪ੍ਰਮੁੱਖ ਘਟਨਾ ਸਤੰਬਰ 2024 ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦਾ ਸਿੰਗਾਪੁਰ ਦੌਰਾ ਸੀ, ਜਿਸ ਵਿੱਚ ਭਾਰਤ-ਸਿੰਗਾਪੁਰ ਦੇ ਸਬੰਧ ਇੱਕ ਵਿਆਪਕ ਰਣਨੀਤਿਕ ਭਾਈਵਾਲੀ ਦੇ ਪੱਧਰ ਤੱਕ ਅੱਗੇ ਵੱਧੇ ਸੀ।

ਨਵੀਂ ਦਿੱਲੀ

16 ਜਨਵਰੀ, 2025